PARIVARTAN
A step towards sustainable progress

IN ASSOCIATION WITH
CII FOUNDATION

PRESS RELEASE

ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਵੱਲੋਂ ਸੰਗਰੂਰ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਬਾਰੇ ਜ਼ਿਲ੍ਹਾ ਪੱਧਰੀ ਵਿਚਾਰ-ਵਟਾਂਦਰਾ ਪ੍ਰੋਗਰਾਮ ਦਾ ਆਯੋਜਨ

ਸੰਗਰੂਰ, ਪੰਜਾਬ | 16 ਅਕਤੂਬਰ 2026: ਪੰਜਾਬ ਵਿੱਚ ਝੋਨੇ ਦੀ ਪਰਾਲੀ ਸਾੜਨ ਦੇ ਸੀਜ਼ਨ ਦੀ ਸ਼ੁਰੂਆਤ ਦੇ ਮੱਦੇਨਜ਼ਰ, ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਵੱਲੋਂ ਸੰਗਰੂਰ, ਪੰਜਾਬ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਬਾਰੇ ਜ਼ਿਲ੍ਹਾ ਪੱਧਰੀ ਵਿਚਾਰ-ਵਟਾਂਦਰਾ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਸਰਕਾਰੀ ਅਧਿਕਾਰੀਆਂ, ਖੇਤੀਬਾੜੀ ਮਾਹਿਰਾਂ, ਕਿਸਾਨਾਂ, ਖੇਤੀਬਾੜੀ ਮਸ਼ੀਨਰੀ ਨਿਰਮਾਤਾਵਾਂ, ਉਦਯੋਗਿਕ ਨੁਮਾਇੰਦਿਆਂ ਅਤੇ ਹੋਰ ਸਬੰਧਤ ਧਿਰਾਂ ਨੇ ਭਾਗ ਲਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਟਿਕਾਊ ਖੇਤੀਬਾੜੀ ਨੂੰ ਉਤਸ਼ਾਹਿਤ ਕਰਨਾ ਅਤੇ ਪਰਾਲੀ ਸਾੜਨ ਦੀ ਸਮੱਸਿਆ ਦੇ ਹੱਲ ਲਈ ਸਾਂਝੇ ਯਤਨਾਂ ਨੂੰ ਮਜ਼ਬੂਤ ਕਰਨਾ ਸੀ।

ਪ੍ਰੋਗਰਾਮ ਦੇ ਉਦਘਾਟਨੀ ਸੈਸ਼ਨ ਵਿੱਚ ਸ਼੍ਰੀਮਤੀ ਨਰਿੰਦਰ ਕੌਰ ਭਰਾਜ, ਵਿਧਾਇਕਾ; ਸ਼੍ਰੀ ਰਛਪਾਲ ਸਿੰਘ, ਚੇਅਰਮੈਨ, ਜ਼ਿਲ੍ਹਾ ਪਰਿਸ਼ਦ; ਸ਼੍ਰੀ ਹਰਬੰਸ ਸਿੰਘ ਸਿੱਧੂ, ਮੁੱਖ ਖੇਤੀਬਾੜੀ ਅਫ਼ਸਰ, ਸੰਗਰੂਰ; ਡਾ. ਮਾਨ ਸਿੰਘ ਬਾਗੜੀ, ਖੇਤੀਬਾੜੀ ਇੰਜੀਨੀਅਰ, ਨਾਰਦਰਨ ਰੀਜਨ ਫਾਰਮ ਮਸ਼ੀਨਰੀ ਟ੍ਰੇਨਿੰਗ ਐਂਡ ਟੈਸਟਿੰਗ ਇੰਸਟੀਚਿਊਟ (NRFMTTI); ਡਾ. ਮਨਦੀਪ ਸਿੰਘ, ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ (KVK), ਸੰਗਰੂਰ; ਸ਼੍ਰੀ ਲਿਖਮ ਸਿੰਘ, ਸਹਾਇਕ ਰਜਿਸਟਰਾਰ; ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (PPCB), ਖੇਤੀਬਾੜੀ ਸੰਸਥਾਵਾਂ, ਸੀ.ਆਈ.ਆਈ. ਅਤੇ ਉਦਯੋਗਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ।

ਪ੍ਰੋਗਰਾਮ ਦੌਰਾਨ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿਹਾਰਕ ਅਤੇ ਟਿਕਾਊ ਹੱਲ ਵਿਕਸਿਤ ਕਰਨ ਵਾਸਤੇ ਸਰਕਾਰੀ ਸੰਸਥਾਵਾਂ, ਖੇਤੀਬਾੜੀ ਮਾਹਿਰਾਂ, ਉਦਯੋਗਿਕ ਭਾਈਵਾਲਾਂ ਅਤੇ ਕਿਸਾਨ ਭਾਈਚਾਰੇ ਵਿਚਕਾਰ ਸਹਿਯੋਗ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਗਿਆ। ਸੀ.ਆਈ.ਆਈ. ਫਾਊਂਡੇਸ਼ਨ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਵਿੱਚ ਵੱਖ-ਵੱਖ ਭਾਈਵਾਲਾਂ ਦੇ ਸਹਿਯੋਗ ਨਾਲ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਕੰਮ ਕਰ ਰਹੀ ਹੈ। ਇਸ ਤਹਿਤ ਕਿਸਾਨਾਂ ਨੂੰ ਢੁਕਵੀਂ ਖੇਤੀਬਾੜੀ ਮਸ਼ੀਨਰੀ ਦੀ ਸਹੂਲਤ ਪ੍ਰਦਾਨ ਕਰਨ, ਜਾਗਰੂਕਤਾ ਫੈਲਾਉਣ ਅਤੇ ਟਿਕਾਊ ਖੇਤੀਬਾੜੀ ਤਰੀਕਿਆਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਸੰਗਰੂਰ ਜ਼ਿਲ੍ਹੇ ਵਿੱਚ ਸੀ.ਆਈ.ਆਈ. ਫਾਊਂਡੇਸ਼ਨ ਸਾਲ 2024 ਤੋਂ ਕੰਮ ਕਰ ਰਹੀ ਹੈ। ਇਸ ਪਹਿਲਕਦਮੀ ਤਹਿਤ 250 ਤੋਂ ਵੱਧ ਪਿੰਡਾਂ ਵਿੱਚ ਮਸ਼ੀਨਰੀ ਸਹਾਇਤਾ ਦਿੱਤੀ ਜਾ ਰਹੀ ਹੈ ਅਤੇ ਸਿਖਲਾਈ ਪ੍ਰੋਗਰਾਮਾਂ ਦੇ ਨਾਲ-ਨਾਲ ਸੂਚਨਾ, ਸਿੱਖਿਆ ਅਤੇ ਸੰਚਾਰ (IEC) ਗਤੀਵਿਧੀਆਂ ਰਾਹੀਂ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਐੱਚ.ਡੀ.ਐੱਫ.ਸੀ. ਪਰਿਵਰਤਨ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਇਸ ਪਹਿਲਕਦਮੀ ਦਾ ਉਦੇਸ਼ ਪਿੰਡ ਪੱਧਰ 'ਤੇ ਸਮਰੱਥਾ ਵਧਾਉਣਾ, ਪਰਾਲੀ ਪ੍ਰਬੰਧਨ ਦੀਆਂ ਤਕਨੀਕਾਂ ਤੱਕ ਕਿਸਾਨਾਂ ਦੀ ਪਹੁੰਚ ਸੁਖਾਲੀ ਬਣਾਉਣਾ ਅਤੇ ਪਰਾਲੀ ਸਾੜਨ ਦੀ ਪ੍ਰਥਾ ਨੂੰ ਘਟਾਉਣਾ ਹੈ।

ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਟਿਕਾਊ ਪ੍ਰਬੰਧਨ ਬਾਰੇ ਤਕਨੀਕੀ ਵਿਚਾਰ-ਵਟਾਂਦਰਾ

ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦੇ ਬਿਹਤਰ ਤਰੀਕਿਆਂ ਅਤੇ ਖੇਤਰੀ ਪੱਧਰ 'ਤੇ ਆਉਣ ਵਾਲੀਆਂ ਚੁਣੌਤੀਆਂ ਬਾਰੇ ਇੱਕ ਤਕਨੀਕੀ ਸੈਸ਼ਨ ਕਰਵਾਇਆ ਗਿਆ। ਇਸ ਵਿੱਚ ਨਾਰਦਰਨ ਰੀਜਨ ਫਾਰਮ ਮਸ਼ੀਨਰੀ ਟ੍ਰੇਨਿੰਗ ਐਂਡ ਟੈਸਟਿੰਗ ਇੰਸਟੀਚਿਊਟ (NRFMTTI), ਕ੍ਰਿਸ਼ੀ ਵਿਗਿਆਨ ਕੇਂਦਰ (KVK), ਸੰਗਰੂਰ ਅਤੇ ਖੇਤਾਂ ਵਿੱਚ ਹੀ ਪਰਾਲੀ ਦੇ ਪ੍ਰਬੰਧਨ ਲਈ ਵਰਤੀ ਜਾਂਦੀ ਮਸ਼ੀਨਰੀ ਦੇ ਨਿਰਮਾਤਾਵਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ।

ਡਾ. ਮਨਦੀਪ ਸਿੰਘ, ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਸੰਸਥਾਗਤ ਸਹਿਯੋਗ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਸਾਨਾਂ ਨੂੰ ਮਸ਼ੀਨਰੀ ਸਹਾਇਤਾ ਪ੍ਰਦਾਨ ਕਰਨ ਵਿੱਚ ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਦੀ ਭੂਮਿਕਾ ਦੀ ਸ਼ਲਾਘਾ

ਕੀਤੀ ਅਤੇ ਕਿਹਾ ਕਿ ਪਰਾਲੀ ਸਾੜਨ ਦੇ ਬਦਲਵੇਂ ਤਰੀਕੇ ਅਪਣਾਉਣਾ ਵਾਤਾਵਰਣ ਦੀ ਰੱਖਿਆ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਬਹੁਤ ਜ਼ਰੂਰੀ ਹੈ।

ਸ਼੍ਰੀ ਹਰਬੰਸ ਸਿੰਘ ਸਿੱਧੂ, ਮੁੱਖ ਖੇਤੀਬਾੜੀ ਅਫ਼ਸਰ, ਸੰਗਰੂਰ ਨੇ ਕਿਹਾ, "ਪੰਜਾਬ ਸਰਕਾਰ, ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਦੇ ਸਹਿਯੋਗ ਨਾਲ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਮਸ਼ੀਨਰੀ ਮੁਹੱਈਆ ਕਰਵਾਈ ਜਾ ਰਹੀ ਹੈ। ਇਹ ਮਸ਼ੀਨਾਂ ਖੇਤਾਂ ਵਿੱਚ ਬਹੁਤ ਲਾਹੇਵੰਦ ਸਾਬਤ ਹੋ ਰਹੀਆਂ ਹਨ ਅਤੇ ਕਿਸਾਨਾਂ ਨੂੰ ਪਰਾਲੀ ਦੇ ਬਿਹਤਰ ਪ੍ਰਬੰਧਨ ਲਈ ਉਤਸ਼ਾਹਿਤ ਕਰ ਰਹੀਆਂ ਹਨ। ਪੰਜਾਬ ਸਰਕਾਰ ਵੀ ਢੁਕਵੀਂ ਖੇਤੀਬਾੜੀ ਮਸ਼ੀਨਰੀ ਅਪਣਾਉਣ ਲਈ ਕਿਸਾਨਾਂ ਨੂੰ ਸਬਸਿਡੀ ਪ੍ਰਦਾਨ ਕਰ ਰਹੀ ਹੈ।"

ਡਾ. ਮਾਨ ਸਿੰਘ ਬਾਗੜੀ, ਖੇਤੀਬਾੜੀ ਇੰਜੀਨੀਅਰ, NRFMTT। ਨੇ ਪੰਜਾਬ ਅਤੇ ਹਰਿਆਣਾ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਸੰਸਥਾ ਅਤੇ ਸੀ.ਆਈ.ਆਈ. ਫਾਊਂਡੇਸ਼ਨ ਦੇ ਸਹਿਯੋਗ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ NRFMTT। ਆਪਣੇ ਦਫ਼ਤਰਾਂ ਅਤੇ ਖੇਤਰੀ ਪ੍ਰੋਗਰਾਮਾਂ ਰਾਹੀਂ ਕਿਸਾਨਾਂ ਨੂੰ ਸਿਖਲਾਈ ਦਿੰਦਾ ਹੈ। ਇਸ ਸਿਖਲਾਈ ਰਾਹੀਂ ਕਿਸਾਨਾਂ ਨੂੰ ਢੁਕਵੀਂ ਮਸ਼ੀਨਰੀ ਦੀ ਵਰਤੋਂ, ਪਰਾਲੀ ਪ੍ਰਬੰਧਨ ਦੀਆਂ ਤਕਨੀਕਾਂ ਅਤੇ ਪਰਾਲੀ ਸਾੜਨ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਇਆ ਜਾਂਦਾ ਹੈ।

ਪ੍ਰੋਗਰਾਮ ਦੌਰਾਨ ਝੋਨੇ ਦੀ ਪਰਾਲੀ ਦੀ ਉਦਯੋਗਿਕ ਵਰਤੋਂ ਬਾਰੇ ਇੱਕ ਵਿਸ਼ੇਸ਼ ਸੈਸ਼ਨ ਵੀ ਕਰਵਾਇਆ ਗਿਆ। ਇਸ ਵਿੱਚ ਮਸ਼ੀਨਰੀ ਨਿਰਮਾਤਾਵਾਂ ਅਤੇ ਸੰਗਰੂਰ ਜ਼ਿਲ੍ਹੇ ਵਿੱਚ ਖੇਤੀਬਾੜੀ ਰਹਿੰਦ-ਖੂੰਹਦ ਦੀ ਖੇਤਾਂ ਤੋਂ ਬਾਹਰ ਵਰਤੋਂ (Ex-situ Utilisation) ਕਰਨ ਵਾਲੇ ਉਦਯੋਗਾਂ ਦੇ ਨੁਮਾਇੰਦਿਆਂ ਨੇ ਆਪਣੇ ਵਿਚਾਰ ਅਤੇ ਤਜਰਬੇ ਸਾਂਝੇ ਕੀਤੇ।

ਇਸ ਸੈਸ਼ਨ ਵਿੱਚ ਝੋਨੇ ਦੀ ਪਰਾਲੀ ਤੋਂ ਬਾਇਓਮਾਸ ਫਿਊਲ ਪੈਲਟਸ ਸਮੇਤ ਹੋਰ ਉਪਯੋਗੀ ਉਤਪਾਦ ਤਿਆਰ ਕਰਨ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਕੀਤੀ ਗਈ।

ਇਸ ਮੌਕੇ ਕਿਸਾਨਾਂ ਨੇ ਖੇਤਾਂ ਵਿੱਚ ਹੀ ਪਰਾਲੀ ਦਾ ਪ੍ਰਬੰਧਨ ਕਰਨ (In-situ) ਅਤੇ ਪਰਾਲੀ ਨੂੰ ਖੇਤਾਂ ਤੋਂ ਬਾਹਰ ਲਿਜਾ ਕੇ ਵਰਤਣ (Ex-situ) ਵਾਲੀਆਂ ਤਕਨੀਕਾਂ ਅਪਣਾਉਣ ਦੇ ਆਪਣੇ ਤਜਰਬੇ ਸਾਂਝੇ ਕੀਤੇ।

ਪਿੰਡ ਉਭਾਵਾਲ ਦੇ ਕਿਸਾਨ ਸ਼੍ਰੀ ਪਰਮਜੀਤ ਸਿੰਘ ਨੇ ਪਰਾਲੀ ਸਾੜਨ ਦੇ ਕਿਸਾਨਾਂ ਅਤੇ ਪਿੰਡਾਂ 'ਤੇ ਪੈਣ ਵਾਲੇ ਵਿਆਪਕ ਪ੍ਰਭਾਵਾਂ ਬਾਰੇ ਕਿਹਾ, "ਜਦੋਂ ਕੋਈ ਕਿਸਾਨ ਪਰਾਲੀ ਸਾੜਦਾ ਹੈ, ਤਾਂ ਇਸ ਦਾ ਨੁਕਸਾਨ ਸਿਰਫ਼ ਉਸ ਕਿਸਾਨ ਤੱਕ ਸੀਮਿਤ ਨਹੀਂ ਰਹਿੰਦਾ। ਇਸ ਨਾਲ ਕਿਸਾਨ ਦੇ ਪਰਿਵਾਰ, ਆਲੇ-ਦੁਆਲੇ ਦੇ ਘਰਾਂ ਅਤੇ ਪੂਰੇ ਪਿੰਡ ਦੇ ਲੋਕ ਪ੍ਰਭਾਵਿਤ ਹੁੰਦੇ ਹਨ। ਸਾਨੂੰ ਸਾਰਿਆਂ ਨੂੰ ਮਿਲ ਕੇ ਪਰਾਲੀ ਸਾੜਨ ਦੀ ਪ੍ਰਥਾ ਨੂੰ ਰੋਕਣ ਅਤੇ ਇਸ ਦੇ ਟਿਕਾਊ ਬਦਲ ਅਪਣਾਉਣ ਲਈ ਯਤਨ ਕਰਨੇ ਚਾਹੀਦੇ ਹਨ।"

ਮਸ਼ੀਨਰੀ ਸੌਂਪਣ ਅਤੇ ਜਾਗਰੂਕਤਾ ਮੁਹਿੰਮ ਦਾ ਆਯੋਜਨ

ਪ੍ਰੋਗਰਾਮ ਦੌਰਾਨ ਸੰਗਰੂਰ ਦੀ ਵਿਧਾਇਕਾ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਦੇ ਸਹਿਯੋਗ ਨਾਲ ਮੁਹੱਈਆ ਕਰਵਾਈ ਗਈ ਖੇਤੀਬਾੜੀ ਮਸ਼ੀਨਰੀ ਕਿਸਾਨ ਸਹਿਕਾਰੀ ਸਭਾਵਾਂ ਨੂੰ ਸੌਂਪੀ ਗਈ। ਇਸ ਪਹਿਲਕਦਮੀ ਦਾ ਉਦੇਸ਼ ਕਿਸਾਨ ਸਹਿਕਾਰੀ ਸਭਾਵਾਂ ਰਾਹੀਂ ਢੁਕਵੀਂ ਮਸ਼ੀਨਰੀ ਤੱਕ ਪਹੁੰਚ ਵਧਾਉਣਾ ਅਤੇ ਟਿਕਾਊ ਪਰਾਲੀ ਪ੍ਰਬੰਧਨ ਤਰੀਕਿਆਂ ਨੂੰ ਅਪਣਾਉਣ ਲਈ ਉਤਸ਼ਾਹਿਤ ਕਰਨਾ ਹੈ। ਇਸ ਨਾਲ ਖ਼ਾਸ ਤੌਰ 'ਤੇ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਲਾਭ ਮਿਲਣ ਦੀ ਉਮੀਦ ਹੈ।ਜ਼ਿਕਰ ਯੋਗ ਹੈ ਕਿ ਇਸ ਸਾਲ ਸੰਗਰੂਰ ਜ਼ਿਲ੍ਹੇ ਵਿੱਚ ਤਕਰੀਬਨ 40 ਸੁਪਰ ਸੀਡਰ, ਮਿੱਤਰ ਸੀਡਰ ਅਤੇ ਬੇਲਰ ਮਸ਼ੀਨ ਕਿਸਾਨਾਂ ਨੂੰ ਦਿੱਤੀ ਜਾ ਰਹੀਆ ਹਨ ਅਤੇ 250 ਦੇ ਕਰੀਬ ਮਸੀਨਾਂ ਪਹਿਲਾ ਦਿੱਤੀਆ ਜਾ ਚੁੱਕੀਆ ਹਨ ।

ਵਿਧਾਇਕਾ ਨੇ ਇੱਕ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਵੀ ਕੀਤਾ, ਜੋ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਬਾਰੇ ਜਾਗਰੂਕ ਕਰੇਗੀ ।

ਸ਼੍ਰੀ ਰਛਪਾਲ ਸਿੰਘ, ਚੇਅਰਮੈਨ, ਜ਼ਿਲ੍ਹਾ ਪਰਿਸ਼ਦ ਨੇ ਕਿਸਾਨ ਸਹਿਕਾਰੀ ਸਭਾਵਾਂ ਨੂੰ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਸਹਾਇਤਾ ਪ੍ਰਦਾਨ ਕਰਨ ਵਾਸਤੇ ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਦੇ ਯਤਨਾਂ ਦੀ ਸ਼ਲਾਘਾ

ਕੀਤੀ। ਉਨ੍ਹਾਂ ਕਿਹਾ, "ਸਰਕਾਰ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨਾਲ ਜੁੜੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਇਸ ਦੇ ਨਾਲ ਹੀ ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਵੱਲੋਂ ਸਹਿਕਾਰੀ ਸਭਾਵਾਂ ਨੂੰ ਦਿੱਤੀ ਜਾ ਰਹੀ ਮਸ਼ੀਨਰੀ ਸਹਾਇਤਾ ਬਹੁਤ ਲਾਹੇਵੰਦ ਸਾਬਤ ਹੋ ਰਹੀ ਹੈ। ਸਾਂਝੀ ਮਸ਼ੀਨਰੀ ਦੀ ਸਹੂਲਤ ਨਾਲ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਵਿਸ਼ੇਸ਼ ਤੌਰ 'ਤੇ ਲਾਭ ਮਿਲਦਾ ਹੈ। ਪਿੰਡਾਂ ਵਿੱਚ ਪਰਾਲੀ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ ਅਸੀਂ ਸੀ.ਆਈ.ਆਈ. ਫਾਊਂਡੇਸ਼ਨ ਦੀ ਟੀਮ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਤਿਆਰ ਹਾਂ।
"

ਕਿਸਾਨਾਂ ਦਾ ਸਨਮਾਨ ਅਤੇ ਭਾਈਚਾਰਕ ਸਹਿਯੋਗ ਨੂੰ ਮਜ਼ਬੂਤ ਕਰਨਾ

ਸ਼੍ਰੀਮਤੀ ਨਰਿੰਦਰ ਕੌਰ ਭਰਾਜ, ਵਿਧਾਇਕਾ, ਸੰਗਰੂਰ ਨੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਬਿਹਤਰ ਪ੍ਰਬੰਧਨ ਲਈ ਯਤਨ ਕਰਨ ਵਾਲੇ ਮਿਸਾਲੀ ਕਿਸਾਨਾਂ ਅਤੇ ਪਿੰਡਾਂ ਨੂੰ ਸਨਮਾਨਿਤ ਕੀਤਾ। ਇਸ ਦਾ ਉਦੇਸ਼ ਹੋਰ ਕਿਸਾਨਾਂ ਨੂੰ ਵੀ ਪਰਾਲੀ ਸਾੜਨ ਦੇ ਬਦਲਵੇਂ ਅਤੇ ਟਿਕਾਊ ਤਰੀਕੇ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।

ਪ੍ਰੋਗਰਾਮ ਦੌਰਾਨ ਸ਼੍ਰੀਮਤੀ ਭਰਾਜ ਨੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਵਿੱਚ ਖੇਤੀਬਾੜੀ ਸੰਸਥਾਵਾਂ, ਵਿਕਾਸ ਭਾਈਵਾਲਾਂ ਅਤੇ ਕਿਸਾਨ ਭਾਈਚਾਰੇ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, "ਜਦੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨਵੀਆਂ ਤਕਨੀਕਾਂ ਵਿਕਸਿਤ ਕਰਦੀ ਹੈ, ਤਾਂ ਇਹ ਯਕੀਨੀ ਬਣਾਉਣਾ ਵੀ ਜ਼ਰੂਰੀ ਹੈ ਕਿ ਇਨ੍ਹਾਂ ਤਕਨੀਕਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਕਿਸਾਨਾਂ ਤੱਕ ਪਹੁੰਚੇ। ਸੀ.ਆਈ.ਆਈ. ਫਾਊਂਡੇਸ਼ਨ ਅਤੇ ਐੱਚ.ਡੀ.ਐੱਫ.ਸੀ. ਬੈਂਕ ਮਸ਼ੀਨਰੀ ਤੱਕ ਪਹੁੰਚ ਵਿੱਚ ਸਹਾਇਤਾ ਕਰਕੇ ਪਰਾਲੀ ਪ੍ਰਬੰਧਨ ਨੂੰ ਉਤਸ਼ਾਹਿਤ ਕਰ ਰਹੇ ਹਨ, ਜਿਸ ਨਾਲ ਖ਼ਾਸ ਤੌਰ 'ਤੇ ਛੋਟੇ ਕਿਸਾਨਾਂ ਨੂੰ ਲਾਭ ਮਿਲਦਾ ਹੈ। ਅਜਿਹੀਆਂ ਪਹਿਲਕਦਮੀਆਂ ਨੌਜਵਾਨਾਂ ਨੂੰ ਖੇਤੀਬਾੜੀ ਵੱਲ ਮੁੜਨ ਅਤੇ ਇਸ ਨੂੰ ਇੱਕ ਟਿਕਾਊ ਰੋਜ਼ੀ-ਰੋਟੀ ਦੇ ਸਾਧਨ ਵਜੋਂ ਅਪਣਾਉਣ ਲਈ ਵੀ ਪ੍ਰੇਰਿਤ ਕਰ ਸਕਦੀਆਂ ਹਨ।
"

ਸੀ.ਆਈ.ਆਈ. ਫਾਊਂਡੇਸ਼ਨ ਬਾਰੇ

ਸੀ.ਆਈ.ਆਈ. ਫਾਊਂਡੇਸ਼ਨ ਸਰਕਾਰੀ ਸੰਸਥਾਵਾਂ, ਉਦਯੋਗਾਂ, ਭਾਈਚਾਰਿਆਂ ਅਤੇ ਵਿਕਾਸ ਭਾਈਵਾਲਾਂ ਦੇ ਸਹਿਯੋਗ ਨਾਲ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰਦੀ ਹੈ। ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਸਬੰਧੀ ਇਸ ਦੀਆਂ ਪਹਿਲਕਦਮੀਆਂ ਦਾ ਉਦੇਸ਼ ਟਿਕਾਊ ਖੇਤੀਬਾੜੀ ਨੂੰ ਉਤਸ਼ਾਹਿਤ ਕਰਨਾ, ਕਿਸਾਨਾਂ ਦੀ ਢੁਕਵੀਂ ਮਸ਼ੀਨਰੀ ਤੱਕ ਪਹੁੰਚ ਵਧਾਉਣਾ, ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਪਰਾਲੀ ਸਾੜਨ ਦੇ ਬਦਲਵੇਂ ਤਰੀਕਿਆਂ ਨੂੰ ਉਤਸ਼ਾਹਿਤ ਕਰਨਾ ਹੈ।

—

ਮੀਡੀਆ ਨਾਲ ਸਬੰਧਤ ਪੁੱਛਗਿੱਛ ਲਈ ਕਿਰਪਾ ਕਰਕੇ ਸੰਪਰਕ ਕਰੋ:
ਹਿਤੇਸ਼ ਗੋਇਲ, ਪ੍ਰੋਜੈਕਟ ਕੋਆਰਡੀਨੇਟਰ – hitesh.goyal@cii.in
ਪ੍ਰਿਆ ਸ਼ਿਰਾਲੀ, ਮੁਖੀ, ਸੰਚਾਰ ਵਿਭਾਗ – priya.shirali@cii.in